ਧਨਾਸਰੀ ਮਹਲਾ ੧ ਘਰੁ ਦੂਜਾ ੧ੴ ਸਤਿਗੁਰ ਪ੍ਰਸਾਦਿ ॥ ਕਿਉ ਸਿਮਰੀ ਸਿਵਰਿਆ ਨਹੀ ਜਾਇ ॥ ਤਪੈ ਹਿਆਉ ਜੀਅੜਾ ਬਿਲਲਾਇ ॥ ਸਿਰਜਿ ਸਵਾਰੇ ਸਾਚਾ ਸੋਇ ॥ ਤਿਸੁ ਵਿਸਰਿਐ ਚੰਗਾ ਕਿਉ ਹੋਇ ॥੧॥ ਹਿਕਮਤਿ ਹੁਕਮਿ ਨ ਪਾਇਆ ਜਾਇ ॥ ਕਿਉ ਕਰਿ ਸਾਚਿ ਮਿਲਉ ਮੇਰੀ ਮਾਇ ॥ ੧॥ ਰਹਾਉ ॥ ਵਖਰੁ ਨਾਮੁ ਦੇਖਣ ਕੋਈ ਜਾਇ ॥ ਨਾ ਕੋ ਚਾਖੈ ਨਾ ਕੋ ਖਾਇ ॥ ਲੋਕਿ ਪਤੀਣੈ ਨਾ ਪਤਿ ਹੋਇ ॥ ਤਾ ਪਤਿ ਰਹੈ ਰਾਖੈ ਜਾ ਸੋਇ ॥ ੨॥ ਜਹ ਦੇਖਾ ਤਹ ਰਹਿਆ ਸਮਾਇ ॥ ਤੁਧੁ ਬਿਨੁ ਦੂਜੀ ਨਾਹੀ ਜਾਇ ॥ ਜੇ ਕੋ ਕਰੇ ਕੀਤੈ ਕਿਆ ਹੋਇ ॥ ਜਿਸ ਨੋ ਬਖਸੇ ਸਾਚਾ ਸੋਇ ॥ ੩॥ ਹੁਣਿ ਉਠਿ ਚਲਣਾ ਮੁਹਤਿ ਕਿ ਤਾਲਿ ॥ ਕਿਆ ਮੁਹੁ ਦੇਸਾ ਗੁਣ ਨਹੀ ਨਾਲਿ ॥ ਜੈਸੀ ਨਦਰਿ ਕਰੇ ਤੈਸਾ ਹੋਇ ॥ ਵਿਣੁ ਨਦਰੀ ਨਾਨਕ ਨਹੀ ਕੋਇ ॥੪॥੧॥੩॥ {ਪੰਨਾ 661}

ਪਦਅਰਥ:- ਸਿਮਰੀ—ਮੈਂ ਸਿਮਰਾਂ। ਹਿਆਉ—ਹਿਰਦਾ। ਜੀਅੜਾ—ਜਿੰਦ। ਬਿਲਲਾਇ—ਵਿਲਕਦਾ ਹੈ। ਸਿਰਜਿ—ਪੈਦਾ ਕਰ ਕੇ। ਸਵਾਰੇ—ਸਵਾਰਦਾ ਹੈ, ਚੰਗੇ ਜੀਵਨ ਵਾਲਾ ਬਣਾਂਦਾ ਹੈ। ਸਾਚਾ—ਸਦਾ ਕਾਇਮ ਰਹਿਣ ਵਾਲਾ ਅਕਾਲ ਪੁਰਖ। ਤਿਸੁ ਵਿਸਰਿਐ—ਜੇ ਉਸ (ਪ੍ਰਭੂ) ਨੂੰ ਭੁਲਾ ਦੇਈਏ। ਕਿਉ ਹੋਇ—ਨਹੀਂ ਹੋ ਸਕਦਾ।1।

ਹਿਕਮਤਿ—ਚਲਾਕੀ। ਹੁਕਮਿ—ਹੁਕਮ ਨਾਲ, ਧੱਕੇ ਨਾਲ, ਕੋਈ ਹੱਕ ਜਤਾਣ ਨਾਲ। ਸਾਚਿ—ਸਦਾ-ਥਿਰ ਪ੍ਰਭੂ ਵਿਚ। ਮਿਲਉ—ਮੈਂ ਮਿਲਾਂ। ਮਾਇ—ਹੇ ਮਾਂ!।1। ਰਹਾਉ।

ਵਖਰੁ—ਸੌਦਾ। ਕੋਈ—ਕੋਈ ਵਿਰਲਾ। ਲੋਕਿ ਪਤੀਣੈ—ਜੇ ਜਗਤ ਦੀ ਤਸੱਲੀ ਕਰਾ ਦਿੱਤੀ ਜਾਏ। ਪਤਿ—ਇੱਜ਼ਤ। ਸੋਇ—ਉਹ ਪਰਮਾਤਮਾ ਹੀ।2।

ਜਹ—ਜਿੱਥੇ। ਦੇਖਾ—ਮੈਂ ਵੇਖਦਾ ਹਾਂ। ਜਾਇ—ਥਾਂ। ਕੀਤੈ—(ਹਿਕਮਤਿ ਆਦਿਕ ਵਾਲਾ ਜਤਨ) ਕੀਤਿਆਂ।3।

ਹੁਣਿ—ਝਬਦੇ ਹੀ। ਮੁਹਤਿ—ਮੁਹਤ ਵਿਚ, ਪਲ ਵਿਚ। ਤਾਲਿ—ਤਾਲ (ਦੇਣ ਜਿਤਨੇ ਸਮੇ) ਵਿਚ। ਦੇਸਾ—ਮੈਂ ਦਿਆਂਗਾ। ਵਿਣੁ ਨਦਰੀ—ਮੇਹਰ ਦੀ ਨਜ਼ਰ ਤੋਂ ਬਿਨਾ।4।

ਅਰਥ:- ਹੇ ਮੇਰੀ ਮਾਂ! ਕਿਸੇ ਚਲਾਕੀ ਨਾਲ ਜਾਂ ਕੋਈ ਹੱਕ ਜਤਾਣ ਨਾਲ ਪਰਮਾਤਮਾ ਨਹੀਂ ਮਿਲਦਾ। ਹੋਰ ਕਿਹੜਾ ਤਰੀਕਾ ਹੈ ਜਿਸ ਨਾਲ ਮੈਂ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਮਿਲ ਸਕਦਾ ਹਾਂ?।1। ਰਹਾਉ।

(ਚਲਾਕੀ ਜਾਂ ਧੱਕੇ ਨਾਲ) ਪਰਮਾਤਮਾ ਦਾ ਸਿਮਰਨ ਨਹੀਂ ਕੀਤਾ ਜਾ ਸਕਦਾ। ਫਿਰ ਮੈਂ ਕਿਵੇਂ ਉਸ ਦਾ ਸਿਮਰਨ ਕਰਾਂ? ਤੇ, ਜੇ ਉਸ ਪ੍ਰਭੂ ਨੂੰ ਭੁਲਾ ਦੇਈਏ, ਤਾਂ ਭੀ ਜੀਵਨ ਚੰਗਾ ਕਦੇ ਨਹੀਂ ਬਣ ਸਕਦਾ, ਦਿਲ ਸੜਦਾ ਰਹਿੰਦਾ ਹੈ, ਜਿੰਦ ਦੁਖੀ ਰਹਿੰਦੀ ਹੈ। (ਕੀਹ ਕੀਤਾ ਜਾਏ?) (ਅਸਲ ਗੱਲ ਇਹ ਹੈ ਕਿ) ਸਦਾ-ਥਿਰ ਰਹਿਣ ਵਾਲਾ ਪ੍ਰਭੂ ਜੀਵਾਂ ਨੂੰ ਪੈਦਾ ਕਰ ਕੇ ਆਪ ਹੀ (ਸਿਮਰਨ ਦੀ ਦਾਤਿ ਦੇ ਕੇ) ਚੰਗੇ ਜੀਵਨ ਵਾਲਾ ਬਣਾਂਦਾ ਹੈ।1।

(ਜੇ ਉਸ ਦੀ ਮੇਹਰ ਨ ਹੋਵੇ ਤਾਂ) ਇਸ ਨਾਮ-ਵੱਖਰ ਨੂੰ ਨਾਹ ਕੋਈ ਪਰਖਣ ਲਈ ਜਾਂਦਾ ਹੈ, ਨਾਹ ਕੋਈ ਇਸ ਨੂੰ ਖਾ ਕੇ ਵੇਖਦਾ ਹੈ। (ਚਲਾਕੀਆਂ ਵਰਤ ਕੇ ਜਗਤ ਦੀ ਤਸੱਲੀ ਕਰਾ ਦਿੱਤੀ ਜਾਂਦੀ ਹੈ ਕਿ ਅਸੀਂ ਨਾਮ-ਵੱਖਰ ਵਿਹਾਝ ਰਹੇ ਹਾਂ) ਪਰ ਨਿਰਾ ਜਗਤ ਦੀ ਤਸੱਲੀ ਕਰਾਇਆਂ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਨਹੀਂ ਮਿਲਦਾ (ਲੋਕ-ਵਿਖਾਵੇ ਵਾਲੀ ਭਗਤੀ ਪਰਵਾਨ ਨਹੀਂ ਹੁੰਦੀ)। ਇੱਜ਼ਤ ਤਦੋਂ ਹੀ ਮਿਲਦੀ ਹੈ ਜੇ ਪ੍ਰਭੂ (ਆਪ ਮੇਹਰ ਕਰ ਕੇ ਨਾਮ ਦੀ ਦਾਤਿ ਦੇਵੇ ਤੇ) ਇੱਜ਼ਤ ਰੱਖੇ।2।

(ਹੇ ਪ੍ਰਭੂ!) ਜਿੱਧਰ ਮੈਂ ਵੇਖਦਾ ਹਾਂ ਉਧਰ ਹੀ ਤੂੰ ਮੌਜੂਦ ਹੈਂ, (ਤੈਨੂੰ ਮਿਲਣ ਵਾਸਤੇ) ਤੈਥੋਂ ਬਿਨਾ ਹੋਰ ਕੋਈ ਆਸਰਾ ਨਹੀਂ ਹੈ।

ਜੋ ਕੋਈ ਜੀਵ (ਪ੍ਰਭੂ ਨੂੰ ਮਿਲਣ ਵਾਸਤੇ ਹਿਕਮਤਿ ਆਦਿਕ ਵਾਲਾ ਕੋਈ ਜਤਨ) ਕਰੇ, ਤਾਂ ਅਜੇਹੇ ਜਤਨ ਨਾਲ ਕੋਈ ਲਾਭ ਨਹੀਂ ਹੁੰਦਾ। (ਸਿਰਫ਼ ਉਹੀ ਜੀਵ ਪ੍ਰਭੂ ਨੂੰ ਮਿਲ ਸਕਦਾ ਹੈ) ਜਿਸ ਉਤੇ ਉਹ ਸਦਾ-ਥਿਰ ਪ੍ਰਭੂ ਆਪ (ਸਿਮਰਨ ਦੀ) ਬਖ਼ਸ਼ਸ਼ ਕਰੇ।3।

(ਇਥੇ ਸਦਾ ਨਹੀਂ ਬੈਠੇ ਰਹਿਣਾ, ਇਥੋਂ) ਝਬਦੇ ਹੀ (ਹਰੇਕ ਜੀਵ ਨੇ ਆਪੋ ਆਪਣੀ ਵਾਰੀ) ਚਲੇ ਜਾਣਾ ਹੈ, ਇਕ ਪਲ ਵਿਚ ਜਾਂ ਇਕ ਤਾਲ ਵਿਚ (ਕਹਿ ਲਵੋ। ਇਥੇ ਪੱਕੇ ਡੇਰੇ ਨਹੀਂ ਹਨ)। (ਫਿਰ, ਇਸ ਸਮੇ ਵਿਚ ਜੇ ਮੈਂ ਲੋਕ-ਵਿਖਾਵਾ ਹੀ ਕਰਦਾ ਰਿਹਾ, ਤਾਂ) ਮੈਂ ਕੀਹ ਮੂੰਹ ਵਿਖਾਵਾਂਗਾ? ਮੇਰੇ ਪੱਲੇ ਗੁਣ ਨਹੀਂ ਹੋਣਗੇ।

(ਜੀਵ ਦੇ ਭੀ ਕੀਹ ਵੱਸ?) ਪਰਮਾਤਮਾ ਜੇਹੋ ਜੇਹੀ ਨਿਗਾਹ ਕਰਦਾ ਹੈ ਜੀਵ ਉਹੋ ਜੇਹੇ ਜੀਵਨ ਵਾਲਾ ਬਣ ਜਾਂਦਾ ਹੈ। ਹੇ ਨਾਨਕ! ਪ੍ਰਭੂ ਦੀ ਮੇਹਰ ਦੀ ਨਜ਼ਰ ਤੋਂ ਬਿਨਾ ਕੋਈ ਜੀਵ ਪ੍ਰਭੂ ਦੇ ਚਰਨਾਂ ਵਿਚ ਜੁੜ ਨਹੀਂ ਸਕਦਾ।4।1।3।

ਨੋਟ:- ਅੰਕ 1 ਦੱਸਦਾ ਹੈ ਕਿ “ਘਰੁ ਦੂਜਾ” ਦੇ ਨਵੇਂ ਸੰਗ੍ਰਹ ਦਾ ਇਹ ਪਹਿਲਾ ਸ਼ਬਦ ਹੈ।